ਹੋਲਾ-ਮਹੱਲਾ ਓਲੰਪਿਕਸ ਵਿਰਾਸਤੀ ਖੇਡਾਂ ਦੀ ਚਰਨ ਗੰਗਾ ਸਟੇਡੀਅਮ ਵਿੱਚ ਡਿਪਟੀ ਕਮਿਸ਼ਨਰ ਵਲੋਂ ਕੀਤੀ ਗਈ ਆਰੰਭਤਾ

ਘੋੜ-ਦੌੜ, ਗੱਤਕਾ, ਤੀਰ ਅੰਦਾਜੀ, ਟੈਂਟ ਪੈਗਿੰਗ, ਕਵੀਸ਼ਰੀ ਤੇ ਦਸਤਾਰ ਬੰਦੀ ਦੇ ਹੋਏ ਮੁਕਾਬਲੇ : ਡਿਪਟੀ ਕਮਿਸ਼ਨਰ

ਤਰਲੋਚਨ ਸਿੰਘ

ਸ੍ਰੀ ਅਨੰਦਪੁਰ ਸਾਹਿਬ, 21 ਮਾਰਚ : ਜ਼ਿਲਾ ਪ੍ਰਸ਼ਾਸਨ ਦੇ ਸਹਿਯੋਗ ਨਾਲ ਦੋ ਰੋਜ਼ਾ ਹੋਲਾ ਮਹੱਲਾ ਵਿਰਾਸਤੀ ਓਲੰਪਿਕਸ ਸ੍ਰੀ ਅਨੰਦਪੁਰ ਸਾਹਿਬ-2024 ਇੱਥੇ ਇਤਿਹਾਸਿਕ ਚਰਨ ਗੰਗਾ ਸਟੇਡੀਅਮ ਵਿਚ ਅੱਜ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵਲੋਂ ਆਰੰਭਤਾ ਕੀਤੀ ਗਈ।

ਇਨ੍ਹਾਂ ਵਿਰਾਸਤੀ ਖੇਡਾਂ ਵਿੱਚ ਸ਼ਾਮਲ ਹੋਣ ਲਈ ਨੌਜਵਾਨ ਲੜਕੇ/ਲੜਕੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਇਸ ਸਮਾਗਮ ਵਿਚ ਪੰਜਾਬ ਦੇ ਅਮੀਰ ਵਿਰਸੇ ਤੇ ਸੱਭਿਆਚਾਰ ਨੂੰ ਦਰਸਾਉਦੀਆਂ ਪ੍ਰਦਰਸ਼ਨੀਆਂ ਦੀਆਂ ਸਟਾਲਾਂ ਵੀ ਲਗਾਈਆਂ ਗਈਆਂ।

ਹੋਲਾ ਮਹੱਲਾ ਵਿਰਾਸਤੀ ਓਲੰਪਿਕਸ ਖੇਡਾਂ ਦੀ ਸ਼ੁਰੂਆਤ ਡਿਪਟੀ ਕਮਿਸ਼ਨਰ ਰੂਪਨਗਰ ਡਾ. ਪ੍ਰੀਤੀ ਯਾਦਵ ਵਲੋਂ ਮਿਸ਼ਾਲ ਜਗਾ ਕੇ ਕੀਤੀ ਗਈ। ਇਸ ਮੌਕੇ ਉਨ੍ਹਾਂ ਦੱਸਿਆ ਕਿ ਇਹ ਵਿਰਾਸਤੀ ਖੇਡਾਂ ਕਰਵਾਉਣ ਦਾ ਉਦੇਸ਼ ਪੰਜਾਬ ਦੇ ਅਮੀਰ ਵਿਰਸੇ ਨੂੰ ਨੌਜਵਾਨਾਂ ਦੇ ਦਿਲਾਂ ਵਿਚ ਉਤਾਰਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਇਸ ਸਮੁੱਚੇ ਸਮਾਗਮ ਵਿੱਚ ਖਾਲਸੇ ਦੇ ਸ਼ਾਨਾਮੱਤੇ ਇਤਿਹਾਸ ਦਾ ਪ੍ਰਤੀਕ ਢਾਡੀ ਅਤੇ ਕਵੀਸ਼ਰੀ ਰਾਹੀ ਸੰਗਤਾਂ ਨੂੰ ਨਿਹਾਲ ਕੀਤਾ। ਨੌਜਵਾਨਾਂ ਦੇ ਦਸਤਾਰ ਬੰਦੀ ਮੁਕਾਬਲੇ ਵੀ ਕਰਵਾਏ ਗਏ ਜਿਸ ਵਿਚ ਜੇਤੂ ਖ਼ਿਡਾਰੀਆਂ ਨੂੰ ਡਿਪਟੀ ਕਮਿਸ਼ਨਰ ਵੱਲੋਂ ਸਨਮਾਨਿਤ ਵੀ ਕੀਤਾ ਗਿਆ।

ਉਨ੍ਹਾਂ ਦੱਸਿਆ ਕਿ ਅੱਜ ਦੇ ਦਿਨ ਵਿਚ ਕਿੱਲਾ ਪੁੱਟਣਾ (ਟੈਂਟ ਪੈਗਿੰਗ), ਗੱਤਕਾ, ਤੀਰ ਅੰਦਾਜ਼ੀ (ਆਰਚਰੀ) ਦੇ ਮੁਕਾਬਲੇ ਕਰਵਾਏ ਗਏ। ਇਸ ਉਪਰੰਤ ਜੇਤੂ ਨੌਜਵਾਨਾਂ/ ਖਿਡਾਰੀਆਂ ਦਾ ਵਿਸੇਸ਼ ਤੌਰ ਉਤੇ ਸਨਮਾਨ ਕੀਤਾ ਗਿਆ ਅਤੇ ਸਰਟੀਫਿਕੇਟ ਵੀ ਵੰਡੇ ਗਏ।

ਇਸੇ ਮੌਕੇ ਹਾਜ਼ਰ ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ ਦੇ ਪ੍ਰਧਾਨ ਸ. ਹਰਜੀਤ ਸਿੰਘ ਗਰੇਵਾਲ, ਸੰਯੁਕਤ ਡਾਇਰੈਕਟਰ, ਸੂਚਨਾ ਤੇ ਲੋਕ ਸੰਪਰਕ ਵਿਭਾਗ ਨੇ ਦੱਸਿਆ ਕਿ ਇਨ੍ਹਾਂ ਵਿਰਾਸਤੀ ਖੇਡਾਂ ਵਿਚ ਸ਼ਾਮਿਲ ਹੋਣ ਲਈ ਲਗਭਗ 200 ਤੋਂ ਵੱਧ ਨੌਜਵਾਨ ਲੜਕੇ/ਲੜਕੀਆਂ ਭਾਗ ਲੈ ਰਹੀਆਂ ਹਨ।

ਸ. ਗਰੇਵਾਲ ਨੇ ਦੱਸਿਆ ਕਿ ਇਹਨਾਂ ਵਿਰਾਸਤੀ ਖੇਡਾਂ ਮੌਕੇ ਕੌਮਾਂਤਰੀ ਸਿੱਖ ਸ਼ਸਤਰ ਵਿੱਦਿਆ ਕੌਂਸਲ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸ਼ਸਤਰ ਕਲਾ ਦੇ ਮੁਕਾਬਲਿਆਂ ਦੌਰਾਨ ਵੱਖ-ਵੱਖ ਟੀਮਾਂ ਵਲੋਂ ਜੰਗ ਕਲਾ ਦੇ ਜੌਹਰ ਦਿਖਾ ਕੇ ਸਰੋਤਿਆਂ ਸਾਹਮਣੇ ਰੌਂਗਟੇ ਖੜੇ ਕਰਨ ਵਾਲੇ ਦ੍ਰਿਸ਼ ਪੇਸ਼ ਕੀਤੇ। ਇਸੇ ਦੌਰਾਨ ਗੱਤਕਾ ਸੋਟੀ-ਫੱਰੀ ਦੇ ਵਿਅਕਤੀਗਤ ਮੁਕਾਬਲੇ ਵੀ ਕਰਵਾਏ ਗਏ।

ਸਟੇਜ ਸਕੱਤਰ ਦੀ ਭੂਮਿਕਾ ਰਣਜੀਤ ਸਿੰਘ ਤੇ ਸੀਮਾ ਜੱਸਲ ਨੇ ਬਾਖੂਬੀ ਨਿਭਾਈ। ਦਸਤਾਰ ਬੰਦੀ ਮੁਕਾਬਲੇ ਸੈਰ ਸਪਾਟਾ ਵਿਭਾਗ ਵੱਲੋਂ ਕਰਵਾਏ ਗਏ।

ਇਸ ਮੌਕੇ ਐਸ ਐਸ ਪੀ ਗੁਲਨੀਤ ਸਿੰਘ ਖੁਰਾਨਾ, ਵਧੀਕ ਡਿਪਟੀ ਕਮਿਸ਼ਨਰ ਪੂਜਾ ਸਿਆਲ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਵ) ਸੰਜੀਵ ਕੁਮਾਰ, ਐਸ.ਪੀ.ਐਚ ਰਾਜਪਾਲ ਸਿੰਘ ਹੁੰਦਲ, ਐਸ.ਡੀ.ਐਮ ਰਾਜਪਾਲ ਸਿੰਘ ਸੋਖੇ, ਮੁੱਖ ਮੰਤਰੀ ਫੀਲਡ ਅਫਸਰ ਕਮ ਉਪ ਮੰਡਲ ਮੈਜਿਸਟ੍ਰੇਟ ਸੁਖਪਾਲ ਸਿੰਘ ਸਹਾਇਕ ਮੇਲਾ ਅਫਸਰ, ਐੱਸ.ਡੀ.ਐੱਮ ਨੰਗਲ ਅਨਮਜੋਤ ਕੌਰ, ਆਰ.ਟੀ.ਏ ਕਮ ਐਸ.ਡੀ.ਐਮ ਮੋਰਿੰਡਾ ਗੁਰਵਿੰਦਰ ਸਿੰਘ ਜੌਹਲ, ਤਹਿਸੀਲਦਾਰ ਸੰਦੀਪ ਕੁਮਾਰ, ਨਾਇਬ ਤਹਿਸੀਲਦਾਰ ਅਰਾਧਨਾ ਖੋਸਲਾ, ਐਕਸੀਅਨ ਹਰਜੀਤਪਾਲ ਸਿੰਘ, ਡੀ.ਐਸ.ਓ ਰੁਪੇਸ਼ ਕੁਮਾਰ, ਡੀ.ਐਸ.ਓ ਕੁਲਦੀਪ ਸਿੰਘ, ਡੀਡੀਪੀਓ ਅਮਰਿੰਦਰਪਾਲ ਸਿੰਘ, ਬੀ.ਡੀ.ਪੀ.ਓ ਅਮਿਤ ਕੁਮਾਰ, ਕਾਰਜ ਸਾਧਕ ਅਫਸਰ ਹਰਬਖਸ਼ ਸਿੰਘ, ਸਕੱਤਰ ਮਾਰਕੀਟ ਕਮੇਟੀ ਸੁਰਿੰਦਰਪਾਲ, ਜ਼ਿਲ੍ਹਾ ਭਾਸ਼ਾ ਅਫ਼ਸਰ ਹਰਕਿਰਤ ਸਿੰਘ, ਪ੍ਰਿੰ.ਰੁਚੀ ਗਰੋਵਰ, ਸੀਮਾ ਜੱਸਲ, ਭੰਗੜਾ ਕੋਚ ਦੀਦਾਰ ਸਿੰਘ, ਐਨ.ਸੀ.ਸੀ ਅਫਸਰ ਰਣਜੀਤ ਸਿੰਘ ਅਤੇ ਵੱਡੀ ਗਿਣਤੀ ਵਿਚ ਸਕੂਲ ਮੁਖੀ, ਵੱਖ-ਵੱਖ ਵਿਭਾਗਾ ਦੇ ਅਧਿਕਾਰੀ,ਕਰਮਚਾਰੀ ਤੇ ਵਿਦਿਆਰਥੀ ਵੀ ਹਾਜ਼ਰ ਸਨ।

ਸੜਕ ਹਾਦਸੇ 'ਚ ਇੱਕ ਦੀ ਮੌਤ

ਅਸ਼ਵਨੀ

ਗੁਰਦਾਸਪੁਰ/21 ਮਾਰਚ : ਪੁਲਿਸ ਜ਼ਿਲ੍ਹਾ ਗੁਰਦਾਸਪੁਰ ਅਧੀਨ ਪੈਂਦੇ ਪੁਲਿਸ ਸਟੇਸ਼ਨ ਪੁਰਾਣਾ ਸ਼ਾਲਾ ਅਧੀਨ ਵਾਪਰੇ ਇਕ ਸੜਕ ਹਾਦਸਿਆਂ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ। ਨਿਰਮਲ ਸਿੰਘ ਪੁੱਤਰ ਕੁੰਨਣ ਸਿੰਘ ਵਾਸੀ ਸ਼ਹੂਰ ਕਲਾਂ ਨੇ ਪੁਲਿਸ ਨੂੰ ਦਰਜ ਕਰਵਾਈ ਸ਼ਿਕਾਇਤ ਰਾਹੀਂ ਦੱਸਿਆ ਕਿ ਬੀਤੇ ਦਿਨ ਉਸ ਦਾ ਭਰਾ ਕੁਲਦੀਪ ਸਿੰਘ ਆਪਣੇ ਮੋਟਰ-ਸਾਈਕਲ ਨੰਬਰ ਪੀ ਬੀ 06 ਈ 5402 ਤੇ ਸਵਾਰ ਹੋ ਕੇ ਆਨੰਦਪੁਰ ਸਾਹਿਬ ਮੱਥਾ ਟੇਕਣ ਲਈ ਜਾ ਰਿਹਾ ਸੀ ਕਰੀਬ ਪੰਜ ਵਜੇ ਜਦੋਂ ਉਹ ਪਿੰਡ ਜਗਤਪੁਰ ਕਲਾਂ ਤੋਂ ਥੋੜਾ ਅੱਗੇ ਪੁੱਜਾ ਤਾਂ ਇੱਕ ਮੋਟਰ-ਸਾਈਕਲ ਬਿਨਾ ਨੰਬਰ ਦੇ ਚਾਲਕ ਅਜੈ ਸਿੰਘ ਪੁੱਤਰ ਪ੍ਰੇਮ ਸਿੰਘ ਵਾਸੀ ਪੁਰਾਣੀਆਂ ਬਾਗੜੀਆਂ ਨੇ ਉਸ ਨੂੰ ਟਕੱਰ ਮਾਰ ਦਿੱਤੀ ਜਿਸ ਕਾਰਨ ਉਸ ਦੀ ਮੌਕਾ ਤੇ ਮੌਤ ਹੋ ਗਈ ।ਸਹਾਇਕ ਸਬ ਇੰਸਪੈਕਟਰ ਸਲਿੰਦਰ ਸਿੰਘ ਨੇ ਦੱਸਿਆ ਕਿ ਪੁਲਿਸ ਵੱਲੋ ਮਾਮਲਾ ਦਰਜ ਕਰਕੇ ਅੱਗੇ ਕਾਰਵਾਈ ਕੀਤੀ ਜਾ ਰਹੀ ਹੈ ।

ਬਹੁਤੇ ਲੋਕ ਹਾਈਪਰਟੈਂਸ਼ਨ ਤੋਂ ਪੀੜਤ ਹੋਣੋਂ ਅਣਜਾਣ : ਡਾ. ਗੀਤਾਂਜਲੀ ਸਿੰਘ

ਐਨਸੀਡੀ ਪ੍ਰੋਗਰਾਮ ਅਧੀਨ ਬਲਾਕ ਪੱਧਰੀ ਸਮਰੱਥਾ ਨਿਰਮਾਣ ਟ੍ਰੇਨਿੰਗ ਆਯੋਜਿਤ

ਅਵਤਾਰ ਸਿੰਘ ਧੀਮਾਨ

ਬਲਾਚੌਰ, 21 ਮਾਰਚ : ਸਿਵਲ ਸਰਜਨ ਡਾ. ਜਸਪ੍ਰੀਤ ਕੌਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਵਿਖੇ ਕਾਰਜਕਾਰੀ ਸੀਨੀਅਰ ਮੈਡੀਕਲ ਅਫ਼ਸਰ ਡਾ. ਗੀਤਾਂਜਲੀ ਸਿੰਘ ਦੀ ਅਗਵਾਈ ਹੇਠ ਐਨਸੀਡੀ ਪ੍ਰੋਗਰਾਮ ਅਧੀਨ ਸਮਰੱਥਾ ਨਿਰਮਾਣ ਟ੍ਰੇਨਿੰਗ ਆਯੋਜਿਤ ਕੀਤੀ ਗਈ, ਜਿਸ ਵਿੱਚ ਫਾਰਮੇਸੀ ਅਫਸਰਾਂ, ਮਪਹਵ (ਮ ਤੇ ਫ), ਆਸ਼ਾ ਫੈਸਲੀਟੇਟਰਾਂ ਤੇ ਆਸ਼ਾ ਵਰਕਰਾਂ ਸਮੇਤ ਆਮ ਆਦਮੀ ਕਲੀਨਿਕ ਤੇ ਈਐੱਸਆਈ ਦੇ ਸਪੋਰਟਿੰਗ ਸਟਾਫ ਨੇ ਭਾਗ ਲਿਆ।

ਇਸ ਮੌਕੇ ਪ੍ਰਤੀਭਾਗੀਆਂ ਨੂੰ ਸੰਬੋਧਨ ਕਰਦਿਆਂ ਡਾ. ਗੀਤਾਂਜਲੀ ਸਿੰਘ ਨੇ ਦੱਸਿਆ ਕਿ ਭਾਰਤ ਵਿੱਚ ਕਰੋੜਾਂ ਲੋਕ ਹਾਈਪਰਟੈਂਸ਼ਨ ਤੋਂ ਪੀੜਤ ਹਨ। ਬਹੁਤੇ ਲੋਕ ਇਸ ਬਿਮਾਰੀ ਤੋਂ ਪੀੜਤ ਹੋਣ ਤੋਂ ਅਣਜਾਣ ਹਨ। ਇਸ ਲਈ 30 ਸਾਲ ਤੋਂ ਵੱਧ ਉਮਰ ਦੇ ਹਰ ਵਿਅਕਤੀ ਨੂੰ ਸਾਲ ਵਿੱਚ ਇੱਕ ਵਾਰ ਆਪਣਾ ਬੀਪੀ ਜ਼ਰੂਰ ਮਾਪਣਾ ਚਾਹੀਦਾ ਹੈ ਅਤੇ ਇੱਕ ਸਿਹਤਮੰਦ ਜੀਵਨਸ਼ੈਲੀ ਅਪਣਾਉਣੀ ਚਾਹੀਦੀ ਹੈ। ਹਾਈਪਰਟੈਨਸ਼ਨ ਦੀ ਰੋਕਥਾਮ ਅਤੇ ਇਲਾਜ ਪ੍ਰਬੰਧਨ ਸੁਰੱਖਿਅਤ ਹੈ। ਇੰਡੀਆ ਹਾਈਪਰਟੈਂਸ਼ਨ ਕੰਟਰੋਲ ਪ੍ਰੋਗਰਾਮ ਅਧੀਨ ਮਿਆਰੀ ਸਾਂਭ-ਸੰਭਾਲ, ਗੁਣਵੱਤਾਪੂਰਨ ਦਵਾਈਆਂ ਦੀ ਉਪਲੱਬਧਤਾ ਯਕੀਨੀ ਬਣਾਉਣ ਅਤੇ ਬਲੱਡ ਪ੍ਰੈਸ਼ਰ ਮਾਨੀਟਰਾਂ ਦੀ ਲੋੜੀਂਦੀ ਸਪਲਾਈ ਦਾ ਪ੍ਰਬੰਧ, ਹਾਈਪਰਟੈਨਸ਼ਨ ਦੇ ਇਲਾਜ ਵਿੱਚ ਨਵੀਨਤਮ ਅਭਿਆਸਾਂ ਬਾਰੇ ਸਾਰੇ ਪੱਧਰਾਂ @ਤੇ ਸਿਹਤ ਸੰਭਾਲ ਕਰਮਚਾਰੀਆਂ ਲਈ ਵਿਆਪਕ ਸਿਖਲਾਈ ਸ਼ਾਮਲ ਹੈ ਅਤੇ ਮਰੀਜ਼ਾਂ ਦੀ ਕਾਊਂਸਲਿੰਗ ਤੇ ਫਾਲੋ-ਅੱਪ ਵੀ ਬਿਹਤਰ ਢੰਗ ਨਾਲ ਕੀਤਾ ਜਾਂਦਾ ਹੈ। ਇਸ ਮੌਕੇ ਮਾਸਟਰ ਟ੍ਰੇਨਰ ਡਾ. ਵੈਸ਼ਾਲੀ ਤੇ ਰਜਿੰਦਰ ਸਿੰਘ ਤੇ ਨੇ ਦੱਸਿਆ, ÷ਹਾਈ ਬਲੱਡ ਪ੍ਰੈਸ਼ਰ ਇੱਕ ਜਾਨਲੇਵਾ ਸਥਿਤੀ ਹੈ। ਦਿਲ ਦੀ ਬਿਮਾਰੀ ਲਈ ਇੱਕ ਪ੍ਰਮੁੱਖ ਜੋਖਮ ਕਾਰਕ, ਵਿਸ਼ਵ ਵਿੱਚ ਮੌਤ ਦੇ ਪ੍ਰਮੁੱਖ ਕਾਰਨਾਂ ਵਿੱਚੋਂ ਇੱਕ ਹੈ। ਇਸ ਖਾਮੋਸ਼ ਕਾਤਲ ਬਿਮਾਰੀ ਪ੍ਰਤੀ ਸਾਰਿਆਂ ਨੂੰ ਸੁਚੇਤ ਰਹਿਣ ਦੀ ਲੋੜ ਹੈ ਉਨ੍ਹਾਂ ਅਨੁਸਾਰ ਜੀਵਨਸ਼ੈਲੀ, ਖਾਣ-ਪੀਣ ਦੀਆਂ ਗਲਤ ਆਦਤਾਂ ਤੇ ਸਰੀਰਕ ਗਤੀਵਿਧੀਆਂ ਦੀ ਕਮੀ ਇਸ ਬਿਮਾਰੀ ਦੇ ਖ਼ਤਰੇ ਨੂੰ ਵਧਾ ਸਕਦੀ ਹੈ। ਮੌਜੂਦਾ ਸਮੇਂ ਵਿਚ ਘੱਟ ਉਮਰ ਦੇ ਲੋਕ ਵੀ ਹਾਈ ਬਲੱਡਪ੍ਰੈਸ਼ਰ ਦਾ ਸ਼ਿਕਾਰ ਹੋ ਰਹੇ ਹਨ। ਮੋਟਾਪਾ ਜਾਂ ਵੱਧ ਭਾਰ ਹੋਣਾ, ਪਰਿਵਾਰ ਵਿੱਚ ਇਸ ਬਿਮਾਰੀ ਦਾ ਇਤਿਹਾਸ ਹੋਣਾ ਵੀ ਜੋਖਮ ਨੂੰ ਵਧਾ ਸਕਦਾ ਹੈ। ਭੋਜਨ ਵਿੱਚ ਜ਼ਿਆਦਾ ਨਮਕ (ਸੋਡੀਅਮ) ਵੀ ਬਲੱਡ ਪ੍ਰੈਸ਼ਰ ਨੂੰ ਵਧਾਉਂਦਾ ਹੈ। ਇਸ ਦੇ ਖਤਰੇ ਨੂੰ ਘੱਟ ਕਰਨ ਲਈ ਸਿਹਤਮੰਦ ਭੋਜਨ ਖਾਣਾ ਤੇ ਆਪਣੇ ਭਾਰ ਨੂੰ ਕੰਟਰੋਲ ਵਿੱਚ ਰੱਖਣਾ ਚਾਹੀਦਾ ਹੈ। ਸਿਗਰਟਨੋਸ਼ੀ ਤੇ ਸ਼ਰਾਬ ਵਰਗੀਆਂ ਆਦਤਾਂ ਤੋਂ ਦੂਰ ਰਹਿ ਕੇ ਆਪਣੇ-ਆਪ ਨੂੰ ਬਚਾਇਆ ਸਕਦਾ ਹੈ। ਇਸ ਮੌਕੇ ਮੈਡੀਕਲ ਅਫ਼ਸਰ ਡਾ. ਪਿ ?ਐਕਾ, ਬਲਾਕ ਐਕਸਟੈਂਸ਼ਨ ਐਜੂਕੇਟਰ ਨਿਰਮਲ ਸਿੰਘ ਤੇ ਅਪਥਲਮਿਕ ਅਫ਼ਸਰ ਹਰਜਿੰਦਰ ਸਿੰਘ ਸਮੇਤ ਸਿਹਤ ਵਿਭਾਗ ਦੇ ਹੋਰ ਅਧਿਕਾਰੀ ਤੇ ਮੁਲਾਜ਼ਮ ਹਾਜ਼ਰ ਸਨ।

ਝੋਕ ਹਰੀ ਹਰ ਵਿਖੇ ਹੋਇਆ ਚਾਰ ਰੋਜ਼ਾ ਕ੍ਰਿਕਟ ਟੂਰਨਾਮੈਂਟ ਸੰਪੰਨ

ਹਰਜਿੰਦਰਪਾਲ ਸ਼ਰਮਾ

ਫ਼ਿਰੋਜ਼ਪੁਰ/21 ਮਾਰਚ : ਸ਼ਹੀਦ ਭਗਤ ਸਿੰਘ ਰਾਜਗੁਰੂ ਸੁਖਦੇਵ ਮੈਮੋਰੀਅਲ ਸੁਸਾਇਟੀ ਫ਼ਿਰੋਜ਼ਪੁਰ ਵਲੋਂ ਪ੍ਰਧਾਨ ਵਰਿੰਦਰ ਸਿੰਘ ਵੈਰੜ ਦੀ ਯੋਗ ਅਗਵਾਈ ਹੇਠ ਪਿੰਡ ਝੋਕ ਹਰੀ ਹਰ ਵਿਖੇ ਚਾਰ ਰੋਜ਼ਾ ਕ੍ਰਿਕਟ ਟੂਰਨਾਮੈਂਟ ਕਰਵਾਇਆ ਗਿਆ ਜਿਸ ਦਾ ਉਦਘਾਟਨ ਪਿੰਡ ਦੇ ਸਰਪੰਚ ਮਲਕੀਤ ਸਿੰਘ ਸੰਧੂ ਨੇ ਕੀਤਾ ਇਸ ਮੌਕੇ ਇਹਨਾ ਨਾਲ ਜ਼ਸਵਿੰਦਰ ਸਿੰਘ ਸੰਧੂ, ਵਰਿੰਦਰ ਸਿੰਘ ਵੈਰੜ,ਬਲਵਿੰਦਰ ਸਿੰਘ ਧਨੋਆ,ਡਾਕਟਰ ਅਮਰੀਕ ਸਿੰਘ ਸੰਧੂ, ਜਗਸੀਰ ਸਿੰਘ ਸੰਧੂ, ਬਲਵਿੰਦਰ ਸਿੰਘ (ਬਿੱਟੂ) ਕੂਕਾ, ਸੁਰਜੀਤ ਸਿੰਘ, ਸੁਖਵਿੰਦਰ ਸਿੰਘ ਹਰਿੰਦਰ ਸਿੰਘ ਸੰਧੂ ਆਦਿ ਹਾਜਰ ਸਨ. ਇਸ ਟੂਰਨਾਮੈਂਟਾ ਵਿਚ 48 ਟੀਮਾਂ ਨੇ ਭਾਗ ਲਿਆ ਇਸ ਖੇਡ ਦੋਰਾਨ ਹਾਕੇ ਵਾਲਾ, ਲੰਡੇ ਕੇ , ਸੋਡੀ ਨਗਰ,ਸਰਦਾਰ ਪੁਰਾ ਸੈਮੀ ਫਾਇਨਲ ਵਿਚ ਪਹੁੰਚੀਆਂ ਹਾਕੇ ਵਾਲਾ ਅਤੇ ਲੰਡੇ ਕੀ ਦੀ ਟੀਮ ਵਿਚ ਫਾਇਨਲ ਮੁਕਾਬਲਾ ਹੋਇਆ ਚੰਗੀ ਖੇਡ ਦਾ ਪ੍ਰਦਰਸ਼ਨ ਕਰਦਿਆ ਲੰਡੇ ਕੇ ਦੀ ਟੀਮ ਨੇ ਪਹਿਲਾ ਸਥਾਨ ਹਾਸਲ ਕੀਤਾ ਜਦੋ ਕਿ ਹਾਕੇ ਵਾਲਾ ਦੀ ਟੀਮ ਦੂਜੇ ਸਥਾਨ ਤੇ ਰਹੀ ਇਸੇ ਤਰ੍ਹਾ ਸਰਦਾਰ ਪੁਰਾ ਨੇ ਤੀਜਾ ਅਤੇ ਸੋਡੀ ਨਗਰ ਨੇ ਚੋਥਾ ਸਥਾਨ ਹਾਸਲ ਕੀਤਾ ਮਹਾਂਵੀਰ ਸਿੰਘ ਲੰਡੇ ਕੇ ਨੂੰ ਮੈਨ ਆਫ ਦੀ ਸੀਰਜ ਤੇ ਫੋਰਡ ਟਰੈਕਟਰ ਨਾਲ ਨਵਾਜ਼ਿਆ ਗਿਆ.ਇਨਾਮਾ ਦੀ ਵੰਡ ਪ੍ਰਧਾਨ ਵਰਿਦਰ ਸਿੰਘ ਵੈਰੜ ਵੱਲੋ ਕੀਤੀ ਗਈ ਪਹਿਲੇ ਸਥਾਨ ਤੇ ਰਹਿਣ ਵਾਲੀ ਟੀਮ ਨੂੰ 51000 ਰੁਪਏ ਦੂਜੀ ਸਥਾਨ ਤੇ ਰਹਿਣ ਵਾਲੀ ਟੀਮ ਨੂੰ 31000 ਰੁਪਏ ਤੀਜੇ ਤੇ ਚੌਥੇ ਸਥਾਨ ਤੇ ਰਹਿਣ ਵਾਲੀਆਂ 4100,4100 ਰੁਪਏ ਨਾਲ ਸਨਮਾਨਿਤ ਕੀਤਾ ਗਿਆ ਟੂਰਨਾਮੇਂਟ ਨੂੰ ਸਫਲ ਬਨਾਉਣ ਵਿਚ ਵਿਦੇਸ਼ਾ ਵਿਚ ਵਸਤੇ ਝੋਕ ਹਰੀ ਹਰ ਦੇ ਨੌਜਵਾਨ ਦਾ ਵਿਸੇ▲ਸ ਸਹਿਯੋਗ ਰਿਹਾ

ਇਲੈਕਟ੍ਰਿਕ ਵੋਟਿੰਗ ਮਸ਼ੀਨਾਂ 'ਤੇ ਪਾਬੰਦੀ ਲਗਾਈ ਜਾਵੇ : ਡਾਲ ਚੰਦ ਪੰਵਾਰ

ਭਾਰਤ ਦੇ ਚੀਫ਼ ਜਸਟਿਸ ਨੂੰ ਲਿਖਿਆ ਪੱਤਰ

ਮਨਜੀਤ ਸਿੰਘ ਢੱਲਾ

ਜੈਤੋ, 21 ਮਾਰਚ : ਇਲਾਕੇ ਦੇ ਸਮਾਜ ਸੇਵੀ ਤੇ ਫਰੀਦਕੋਟ ਲੋਕ ਸਭਾ ਚੋਣਾਂ ਦੇ ਸਭਾਵੀ ਉਮੀਦਵਾਰ ਡਾਲ ਚੰਦ ਪੰਵਾਰ ਨੇ ਲਿਖ਼ਤੀ ਪ੍ਰੈਸ ਬਿਆਨ ਚ ਆਖਿਆ ਕਿ ਉਹਨਾਂ ਨੇ ਭਾਰਤ ਦੇ ਚੀਫ ਜਸਟਿਸ ਡਾ.ਡੀ.ਵਾਈ.ਚੰਦਰਚੂੜ ਨੂੰ ਪੱਤਰ ਲਿਖ ਮੰਗ ਕੀਤੀ ਹੈ ਕਿ ਲੋਕ ਸਭਾ 2024 ਚੋਣਾਂ ਚ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਵਰਤਨ ਤੇ ਬੈਂਨ ਲਗਾਇਆਂ ਜਾਵੇ। ਕਿਉਂਕਿ ਕਾਫ਼ੀ ਅਰਸੇ ਤੋਂ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਤੇ ਵਿਵਾਦ ਹੋ ਰਿਹਾ ਹੈ।ਹਰੇਕ ਚੋਣਾਂ ਤੋ ਬਾਅਦ ਅਕਸ਼ਰ ਇਹ ਗੱਲਾਂ ਸਾਹਮਣੇ ਆਈਆਂ ਹਨ।ਕਿ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਹੈਂਗ ਹੋਈਆਂ ਹਨ,ਤੇ ਇਸ ਤੋਂ ਬਾਅਦ ਮੰਗ ਉਠਦੀ ਹੈ ਇਹਨਾਂ ਮਸ਼ੀਨਾਂ ਤੇ ਬੈਂਨ ਲਗਾਇਆ ਜਾਵੇ।ਇਸੇ ਵਿਸੇ ਚ ਕਾਫ਼ੀ ਲੰਮਾ ਸਮਾਂ ਬਾਮਸੇਫ ਅਤੇ ਭਾਰਤ ਮੁਕਤੀ ਮੋਰਚੇ ਆਗੂ ਵਾਮਨ ਮੇਸਰਾਮ ਅਤੇ ਡਾ.ਭੀਮ ਰਾਓ ਅੰਬੇਡਕਰ ਜੀ ਦੇ ਪੜਪੋਤੇ ਰਾਜ ਰਤਨ ਅੰਬੇਡਕਰ ਜੀ ਵੀ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਬੈਂਨ ਤੇ

ਸੰਘਰਸ਼ ਕਰ ਰਹੇ ਸਨ।ਉਕਤ ਆਗੂਆਂ ਨੇ ਕਈ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਤੇ ਸਵਾਲ ਉਠਾਏ ਹਨ,ਤੇ ਮੰਗ ਕਰਦੇ ਰਹੇ ਹਨ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਤੇ ਬੈਂਨ ਲਗਾਇਆ ਜਾਵੇ। ਇਹਨਾਂ ਤੋਂ ਇਲਾਵਾ ਸੁਪਰੀਮ ਕੋਰਟ ਦੇ ਸੀਨੀਅਰ ਵਕੀਲ ਅਤੇ ਰਿਟਾਇਰਡ ਅਧਿਕਾਰੀਆਂ ਤੇ ਬੁਧੀਮਾਨ ਨੇ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਤੇ ਬੈਂਨ ਲਗਾਉਨ ਹਿਤ ਦੋ ਮਹੀਨੇ ਤੋਂ ਵੀ ਵਧੇਰੇ ਸਮੇਂ ਤੋਂ ਮਹਾ ਅੰਦੋਲਨ ਇਲੈਕਟ੍ਰਿਕ ਵੋਟਿੰਗ ਮਸ਼ੀਨਾਂ ਖ਼ਿਲਾਫ਼ ਛੇੜਿਆ ਹੋਇਆ ਹੈ ,ਉਕਤ ਆਗੂਆਂ ਨੇ ਭਾਰਤ ਦ